ਗਉੜੀ ਗੁਆਰੇਰੀ ਮਹਲਾ ੫ ॥ ਜੀਅ ਜੁਗਤਿ ਜਾ ਕੈ ਹੈ ਹਾਥ ॥ ਸੋ ਸਿਮਰਹੁ ਅਨਾਥ ਕੋ ਨਾਥੁ ॥ ਪ੍ਰਭ ਚਿਤਿ ਆਏ ਸਭੁ ਦੁਖੁ ਜਾਇ ॥ ਭੈ ਸਭ ਬਿਨਸਹਿ ਹਰਿ ਕੈ ਨਾਇ ॥੧॥ ਬਿਨੁ ਹਰਿ ਭਉ ਕਾਹੇ ਕਾ ਮਾਨਹਿ ॥ ਹਰਿ ਬਿਸਰਤ ਕਾਹੇ ਸੁਖੁ ਜਾਨਹਿ ॥੧॥ ਰਹਾਉ ॥ ਜਿਨਿ ਧਾਰੇ ਬਹੁ ਧਰਣਿ ਅਗਾਸ ॥ ਜਾ ਕੀ ਜੋਤਿ ਜੀਅ ਪਰਗਾਸ ॥ ਜਾ ਕੀ ਬਖਸ ਨ ਮੇਟੈ ਕੋਇ ॥ ਸਿਮਰਿ ਸਿਮਰਿ ਪ੍ਰਭੁ ਨਿਰਭਉ ਹੋਇ ॥੨॥ ਆਠ ਪਹਰ ਸਿਮਰਹੁ ਪ੍ਰਭ ਨਾਮੁ ॥ ਅਨਿਕ ਤੀਰਥ ਮਜਨੁ ਇਸਨਾਨੁ ॥ ਪਾਰਬ੍ਰਹਮ ਕੀ ਸਰਣੀ ਪਾਹਿ ॥ ਕੋਟਿ ਕਲੰਕ ਖਿਨ ਮਹਿ ਮਿਟਿ ਜਾਹਿ ॥ ੩॥ ਬੇਮੁਹਤਾਜੁ ਪੂਰਾ ਪਾਤਿਸਾਹੁ ॥ ਪ੍ਰਭ ਸੇਵਕ ਸਾਚਾ ਵੇਸਾਹੁ ॥ ਗੁਰਿ ਪੂਰੈ ਰਾਖੇ ਦੇ ਹਾਥ ॥ ਨਾਨਕ ਪਾਰਬ੍ਰਹਮ ਸਮਰਾਥ ॥ ੪॥੨੬॥੯੫॥
{ਪੰਨਾ 184}

ਪਦਅਰਥ:- ਜੀਅ ਜੁਗਤਿ—ਸਾਰੇ ਜੀਵਾਂ ਦੀ ਜੀਵਨ-ਮਰਯਾਦਾ। ਨਾਥੁ—ਖਸਮ। ਚਿਤਿ—ਚਿੱਤ ਵਿਚ। ਭੈ—{ਲਫ਼ਜ਼ 'ਭਉ' ਤੋਂ ਬਹੁ-ਵਚਨ}। ਨਾਇ—ਨਾਮ ਦੀ ਰਾਹੀਂ।1।

ਕਾਹੇ ਕਾ—ਕਿਸ ਕਾ? ਮਾਨਹਿ—ਤੂੰ ਮੰਨਦਾ ਹੈਂ। ਕਾਹੇ—ਕੇਹੜਾ?।1। ਰਹਾਉ।

ਜਿਨਿ—ਜਿਸ (ਪਰਮਾਤਮਾ) ਨੇ। ਧਰਣਿ—ਧਰਤੀ। ਅਗਾਸ—ਅਕਾਸ਼। ਜੀਅ—ਸਭ ਜੀਵਾਂ ਵਿਚ। ਪਰਗਾਸ—ਚਾਨਣ। ਬਖਸ—ਬਖ਼ਸ਼ਸ਼।2।

ਮਜਨੁ—{m^jn—dip} ਚੁੱਭੀ, ਇਸ਼ਨਾਨ। ਪਾਹਿ—ਜੇ ਤੂੰ ਪੈ ਜਾਏਂ। ਕਲੰਕ—ਬਦਨਾਮੀ।3।

ਸਾਚਾ—ਸਦਾ ਕਾਇਮ ਰਹਿਣ ਵਾਲਾ। ਵੇਸਾਹੁ—ਭਰੋਸਾ। ਗੁਰਿ ਪੂਰੈ—ਪੂਰੇ ਗੁਰੂ ਦੀ ਰਾਹੀਂ। ਸਮਰਾਥ—ਸਭ ਤਾਕਤਾਂ ਦਾ ਮਾਲਕ।4।

ਅਰਥ:- (ਹੇ ਭਾਈ!) ਤੂੰ ਪਰਮਾਤਮਾ ਤੋਂ ਬਿਨਾ ਹੋਰ ਕਿਸੇ ਦਾ ਡਰ ਕਿਉਂ ਮੰਨਦਾ ਹੈਂ? ਪਰਮਾਤਮਾ ਨੂੰ ਭੁਲਾ ਕੇ ਹੋਰ ਕੇਹੜਾ ਸੁਖ ਸਮਝਦਾ ਹੈਂ?।1। ਰਹਾਉ।

(ਹੇ ਭਾਈ!) ਉਸ ਅਨਾਥਾਂ ਦੇ ਨਾਥ ਪਰਮਾਤਮਾ ਦਾ ਸਿਮਰਨ ਕਰ, ਜਿਸ ਦੇ ਹੱਥਾਂ ਵਿਚ ਸਭ ਜੀਵਾਂ ਦੀ ਜੀਵਨ-ਮਰਯਾਦਾ ਹੈ। (ਹੇ ਭਾਈ!) ਜੇ ਪਰਮਾਤਮਾ (ਮਨੁੱਖ ਦੇ) ਮਨ ਵਿਚ ਵੱਸ ਪਏ ਤਾਂ (ਉਸ ਦਾ) ਹਰੇਕ ਦੁੱਖ ਦੂਰ ਹੋ ਜਾਂਦਾ ਹੈ। ਪਰਮਾਤਮਾ ਦੇ ਨਾਮ ਦੀ ਬਰਕਤਿ ਨਾਲ ਸਾਰੇ ਡਰ ਨਾਸ ਹੋ ਜਾਂਦੇ ਹਨ।1।

(ਹੇ ਭਾਈ!) ਉਸ ਪ੍ਰਭੂ ਨੂੰ ਸਦਾ ਸਿਮਰ, ਜਿਸ ਨੇ ਅਨੇਕਾਂ ਧਰਤੀਆਂ ਅਕਾਸ਼ਾਂ ਨੂੰ ਸਹਾਰਾ ਦਿੱਤਾ ਹੋਇਆ ਹੈ, ਜਿਸ ਦੀ ਜੋਤਿ ਸਾਰੇ ਜੀਵਾਂ ਵਿਚ ਚਾਨਣ ਕਰ ਰਹੀ ਹੈ। ਤੇ ਜਿਸ ਦੀ (ਕੀਤੀ ਹੋਈ ਬਖ਼ਸ਼ਸ਼ ਨੂੰ ਕੋਈ ਮਿਟਾ ਨਹੀਂ ਸਕਦਾ) (ਕੋਈ ਰੋਕ ਨਹੀਂ ਸਕਦਾ)। (ਜੇਹੜਾ ਮਨੁੱਖ ਉਸ ਪ੍ਰਭੂ ਨੂੰ ਸਿਮਰਦਾ ਹੈ ਉਹ ਦੁਨੀਆ ਦੇ ਡਰਾਂ ਵਲੋਂ) ਨਿਡਰ ਹੋ ਜਾਂਦਾ ਹੈ।2।

(ਹੇ ਭਾਈ!) ਅੱਠੇ ਪਹਰ (ਹਰ ਵੇਲੇ) ਪ੍ਰਭੂ ਦਾ ਨਾਮ ਸਿਮਰਦਾ ਰਹੁ। (ਇਹ ਸਿਮਰਨ ਹੀ) ਅਨੇਕਾਂ ਤੀਰਥਾਂ ਦਾ ਇਸ਼ਨਾਨ ਹੈ। ਜੇ ਤੂੰ ਪਰਮਾਤਮਾ ਦੀ ਸ਼ਰਨ ਪੈ ਜਾਏਂ ਤਾਂ ਤੇਰੇ ਕ੍ਰੋੜਾਂ ਪਾਪ ਇਕ ਪਲ ਵਿਚ ਹੀ ਨਾਸ ਹੋ ਜਾਣ।3।

ਹੇ ਨਾਨਕ! ਪਰਮਾਤਮਾ ਨੂੰ ਕਿਸੇ ਦੀ ਮੁਥਾਜੀ ਨਹੀਂ, ਉਹ ਸਭ ਗੁਣਾਂ ਦਾ ਮਾਲਕ ਹੈ, ਉਸ ਸਭ ਗੁਣਾਂ ਦਾ ਪਾਤਿਸ਼ਾਹ ਹੈ। ਪ੍ਰਭੂ ਦੇ ਸੇਵਕਾਂ ਨੂੰ ਪ੍ਰਭੂ ਦਾ ਅਟੱਲ ਭਰੋਸਾ ਰਹਿੰਦਾ ਹੈ। (ਹੇ ਭਾਈ!) ਪਰਮਾਤਮਾ ਪੂਰੇ ਗੁਰੂ ਦੀ ਰਾਹੀਂ (ਆਪਣੇ ਸੇਵਕਾਂ ਨੂੰ ਸਭ ਕਲੰਕਾਂ ਤੋਂ) ਹੱਥ ਦੇ ਕੇ ਬਚਾਂਦਾ ਹੈ। ਪਰਮਾਤਮਾ ਸਭ ਤਾਕਤਾਂ ਦਾ ਮਾਲਕ ਹੈ।4। 26। 95।